**16ਵੀਂ ਪੰਜਾਬ ਵਿਧਾਨ ਸਭਾ** **ਪੰਜਾਬ ਵਿਧਾਨ ਸਭਾ**

**ਬਾਰ੍ਹਵਾਂ (ਬਜਟ) ਸਮਾਗਮ** **ਬੁਲੇਟਿਨ ਨੰ: 4**

**ਮੰਗਲਵਾਰ, 10 ਮਾਰਚ, 2026**

(10.00 ਵਜੇ ਪੂਰਵ ਦੁਪਹਿਰ ਤੋਂ 05.37 ਵਜੇ ਸ਼ਾਮ ਤੱਕ)

1. **ਪ੍ਰਸ਼ਨ**

**(ੳ) ਨਿਸ਼ਾਨ ਵਾਲੇ ਪ੍ਰਸ਼ਨ:**

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 14 | - | 2 | 4 | 23 |

2. **ਸਦਨ ਨੂੰ ਥੋੜ੍ਹੇ ਸਮੇਂ ਲਈ ਸਥੱਗਿਤ ਕਰਨਾ**

ਮਾਣਯੋਗ ਸਪੀਕਰ ਵੱਲੋਂ ਸਦਨ ਨੂੰ 11.10 ਵਜੇ ਪੂਰਵ ਦੁਪਹਿਰ ਤੋਂ 11.40 ਵਜੇ ਪੂਰਵ ਦੁਪਹਿਰ ਤੱਕ ਅਤੇ 01.30 ਵਜੇ ਬਾਅਦ ਦੁਪਹਿਰ ਤੋਂ 03.00 ਵਜੇ ਬਾਅਦ ਦੁਪਹਿਰ ਤੱਕ ਸਥੱਗਿਤ ਕੀਤਾ ਗਿਆ।

3. **ਨਿੰਦਾ ਪ੍ਰਸਤਾਵ**

ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ ਵੱਲੋਂ ਨਿਮਨਲਿਖਤ ਨਿੰਦਾ ਪ੍ਰਸਤਾਵ ਸਦਨ ਵਿੱਚ ਪੇਸ਼ ਕੀਤਾ ਅਤੇ ਪ੍ਰਵਾਨ ਹੋਇਆ:

"ਕਿ ਮੌਜੂਦਾ ਵਿਧਾਨ ਸਭਾ ਦੇ ਮੈਂਬਰ, ਸਰਦਾਰ ਸੁਖਪਾਲ ਸਿੰਘ ਖਹਿਰਾ ਵੱਲੋਂ ਸੋਸ਼ਲ ਮੀਡੀਆ ਤੇ ਪੋਸਟ ਪਾਈ ਗਈ ਹੈ ਕਿ ਇੱਕ ਹਜ਼ਾਰ ਰੁਪਏ ਪਿੱਛੇ ਗਿੱਧਾ ਪਾਉਣ ਵਾਲੀਆਂ ਬੀਬੀਆਂ ਕਿਥੋਂ ਸੂਰਮੇ ਜੰਮ ਲੈਣਗੀਆਂ। ਇਹ ਪੋਸਟ ਸਿੱਧੇ ਤੌਰ ਤੇ ਔਰਤਾਂ ਦਾ ਅਪਮਾਨ ਹੈ। ਇਸ ਤੋਂ ਇਲਾਵਾ ਇਹ ਫੈਸਲਾ ਇਸ ਪਵਿੱਤਰ ਸਦਨ ਵੱਲੋਂ ਲਿਆ ਗਿਆ ਹੈ, ਕਿ ਇਹ ਇਸ ਪਵਿੱਤਰ ਸਦਨ ਦਾ ਵੀ ਅਪਮਾਨ ਹੈ। ਇਸ ਕਰਕੇ ਇਹ ਸਦਨ ਸੁਖਪਾਲ ਸਿੰਘ ਖਹਿਰਾ ਵੱਲੋਂ ਔਰਤਾਂ ਅਤੇ ਇਸ ਪਵਿੱਤਰ ਸਦਨ ਦੇ ਕੀਤੇ ਅਪਮਾਨ ਦੀ ਘੋਰ ਨਿੰਦਾ ਕਰਦਾ ਹੈ।"

ਨਿਮਨਲਿਖਤ ਮੈਂਬਰਾਂ ਨੇ ਉਪਰੋਕਤ ਨਿੰਦਾ ਪਸ੍ਰਤਾਵ ਵਿੱਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

1. ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ, ਆਮ ਆਦਮੀ ਪਾਰਟੀ — 01 ਮਿੰਟ
2. ਸਰਦਾਰ ਹਰਪਾਲ ਸਿੰਘ ਚੀਮਾ, ਵਿੱਤ ਮੰਤਰੀ — 02 ਮਿੰਟ
3. ਸ. ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ — 01 ਮਿੰਟ
4. ਸ਼੍ਰੀਮਤੀ ਇੰਦਰਜੀਤ ਕੌਰ ਮਾਨ, ਆਮ ਆਦਮੀ ਪਾਰਟੀ — 01 ਮਿੰਟ
5. ਡਾ. ਅਮਨਦੀਪ ਕੌਰ ਅਰੋੜਾ, ਆਮ ਆਦਮੀ ਪਾਰਟੀ — 01 ਮਿੰਟ
6. ਸ਼੍ਰੀਮਤੀ ਗਨੀਵ ਕੌਰ ਮਜੀਠੀਆ, ਸ਼੍ਰੋਮਣੀ ਅਕਾਲੀ ਦਲ — 01 ਮਿੰਟ
7. ਸ. ਪ੍ਰਤਾਪ ਸਿੰਘ ਬਾਜਵਾ, ਵਿਰੋਧੀ ਧਿਰ ਦੇ ਨੇਤਾ — 01 ਮਿੰਟ
8. ਸ਼੍ਰੀਮਤੀ ਅਨਮੋਲ ਗਗਨ ਮਾਨ, ਆਮ ਆਦਮੀ ਪਾਰਟੀ — 02 ਮਿੰਟ
9. ਸਰਦਾਰ ਤਰੁਨਪ੍ਰੀਤ ਸਿੰਘ ਸੌਂਦ, ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਮੰਤਰੀ — 02 ਮਿੰਟ
10. ਸਰਦਾਰ ਹਰਜੋਤ ਸਿੰਘ ਬੈਂਸ, ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਮੰਤਰੀ — 03 ਮਿੰਟ
11. ਸ਼੍ਰੀਮਤੀ ਅਰੁਨਾ ਚੌਧਰੀ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ — 01 ਮਿੰਟ

12. ਰਾਣਾ ਗੁਰਜੀਤ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ 02 ਮਿੰਟ
13. ਸਰਦਾਰ ਹਰਭਜਨ ਸਿੰਘ, ਲੋਕ ਨਿਰਮਾਣ (ਭ ਤੇ ਮ) ਮੰਤਰੀ 07 ਮਿੰਟ
14. ਸ. ਮਨਜੀਤ ਸਿੰਘ ਬਿਲਾਸਪੁਰ, ਆਮ ਆਦਮੀ ਪਾਰਟੀ 02 ਮਿੰਟ
15. ਸ਼੍ਰੀ ਅਮਨ ਅਰੋੜਾ, ਨਵ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ 02 ਮਿੰਟ

4. **ਮਾਣਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ**

ਮਾਣਯੋਗ ਸਪੀਕਰ ਵੱਲੋਂ ਵੱਖ-ਵੱਖ ਸਮੇਂ ਤੇ ਨਿਮਨਲਿਖਤ ਸ਼ਖਸੀਅਤਾਂ ਦੇ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂੰ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਆਖਿਆ ਗਿਆ-

1. ਓਲੰਪੀਅਨ ਮਿਸ ਗੁਰਜੀਤ ਕੌਰ, ਭਾਰਤ ਦੀ ਅੰਤਰ-ਰਾਸ਼ਟਰੀ ਹਾਕੀ ਟੀਮ ਦੀ ਖਿਡਾਰਨ;
2. ਫਰੀਦਕੋਟ ਬਾਰ ਕੌਂਸਲ ਦੇ ਸਤਿਕਾਰਯੋਗ ਵਕੀਲ ਸਾਹਿਬਾਨ ਅਤੇ ਮਾਣਯੋਗ ਸਪੀਕਰ ਸਾਹਿਬ ਦੇ ਛੋਟੇ ਭਰਾ ਐਡਵੋਕੇਟ ਬੀਰ ਇੰਦਰ ਸਿੰਘ;
3. ਸ਼੍ਰੀ ਦਵਿੰਦਰ ਸ਼ਰਮਾ, ਫੂਡ ਪਾਲਿਸੀ ਐਨਾਲਿਸਟ/ਐਕਸਪਰਟ, ਸਾਊਥ ਏਸ਼ੀਆ।

5. **ਧਿਆਨ ਦਿਵਾਊ ਨੋਟਿਸ**

1. ਡਾ.ਨਛੱਤਰ ਪਾਲ, ਐਮ.ਐੱਲ.ਏ ਵੱਲੋਂ ਸਰਕਾਰ ਦਾ ਧਿਆਨ ਧਾਲੀਵਾਲ, ਜ਼ਿਲ੍ਹਾ ਗੁਰਦਾਸਪੁਰ ਵਿੱਚ ਅਵਾਰਾ ਕੁੱਤਿਆਂ ਦੁਆਰਾ ਇੱਕ ਬੱਚੇ ਨੂੰ ਵੱਢਣ ਦੀ ਘਟਨਾ ਵੱਲ ਦਿਵਾਇਆ ਗਿਆ। (ਨੰ:21)

ਸਥਾਨਕ ਸਰਕਾਰ ਮੰਤਰੀ ਵੱਲੋਂ ਜਵਾਬ ਦਿੱਤਾ ਗਿਆ।

6. **ਰਿਪੋਰਟਾਂ ਪੇਸ਼ ਕਰਨਾ**

1. ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਅਤੇ ਪੱਛੜੀਆਂ ਸ਼੍ਰੇਣੀਆਂ ਦੀ ਭਲਾਈ ਕਮੇਟੀ ਦੇ ਸਭਾਪਤੀ (ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ) ਨੇ ਸਾਲ 2025-26 ਲਈ ਆਮ ਕੰਮ-ਕਾਰ ਤੇ ਕਮੇਟੀ ਦੀ 50ਵੀਂ ਰਿਪੋਰਟ ਪੇਸ਼ ਕੀਤੀ।
2. ਸਰਕਾਰੀ ਆਸ਼ਵਾਸ਼ਨਾਂ ਸਬੰਧੀ ਕਮੇਟੀ ਦੇ ਸਭਾਪਤੀ (ਸ. ਦਵਿੰਦਰਜੀਤ ਸਿੰਘ ਲਾਡੀ ਢੋਸ) ਨੇ ਸਮੇਂ-ਸਮੇਂ ਤੇ ਸਦਨ ਵਿੱਚ ਦਿੱਤੇ ਗਏ ਆਸ਼ਵਾਸਨਾਂ ਅਤੇ ਕੀਤੇ ਗਏ ਵਾਅਦਿਆਂ ਦੀ ਛਾਣਬੀਣ ਕਰਨ ਲਈ ਕਮੇਟੀ ਦੀ 54ਵੀਂ ਰਿਪੋਰਟ ਪੇਸ਼ ਕੀਤੀ।

7. **ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼ ਪੱਤਰ**

ਜਲ ਸਰੋਤ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: 4 ਅਧੀਨ ਦਰਸਾਏ ਗਏ 1 ਤੋਂ 5 ਤੱਕ ਦੇ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

8. **ਵਿੱਤੀ ਕੰਮ-ਕਾਰ**

I. ਵਿੱਤ ਮੰਤਰੀ ਨੇ ਸਾਲ 2025-26 ਲਈ ਪੰਜਾਬ ਸਰਕਾਰ ਦੇ ਖਰਚਿਆਂ ਲਈ ਗ੍ਰਾਂਟਾਂ ਲਈ ਅਨੁਪੂਰਕ ਮੰਗਾਂ ਪੇਸ਼ ਕੀਤੀਆਂ।

II. ਸ. ਮਨਜੀਤ ਸਿੰਘ ਬਿਲਾਸਪੁਰ, ਸਭਾਪਤੀ, ਅਨੁਮਾਨ ਕਮੇਟੀ ਨੇ ਸਾਲ 2025-26 ਲਈ ਪੰਜਾਬ ਸਰਕਾਰ ਦੇ ਖਰਚਿਆਂ ਲਈ ਗ੍ਰਾਂਟਾਂ ਲਈ ਅਨੁਪੂਰਕ ਮੰਗਾਂ ਤੇ ਅਨੁਮਾਨ ਕਮੇਟੀ ਦੀ ਰਿਪੋਰਟ ਪੇਸ਼ ਕੀਤੀ।

III. ਸਾਲ 2025-26 ਲਈ ਪੰਜਾਬ ਸਰਕਾਰ ਦੇ ਖਰਚਿਆਂ ਲਈ ਗ੍ਰਾਂਟਾਂ ਲਈ ਅਨੁਪੂਰਕ ਮੰਗਾਂ।

1) ਰਾਜ ਦੇ ਮਾਲੀਏ ਤੇ ਭਾਰਿਤ ਖਰਚਿਆਂ ਦੀਆਂ ਅਨੁਪੂਰਕ ਗ੍ਰਾਂਟਾਂ/ਅਨੁਮਾਨਾਂ ਲਈ ਮੰਗਾਂ ਤੇ ਬਹਿਸ ਅਤੇ ਵੋਟਿੰਗ-

ਕਾਰਜ ਸੂਚੀ ਵਿਚ ਦਰਜ ਸਾਲ 2025-26 ਲਈ ਪੰਜਾਬ ਸਰਕਾਰ ਦੇ ਖਰਚਿਆਂ ਲਈ ਗ੍ਰਾਂਟਾਂ ਲਈ ਅਨੁਪੂਰਕ ਮੰਗਾਂ ਨੰ:1 ਤੋਂ 38, 41, 42 ਇਕੱਠੀਆਂ ਹੀ ਸਦਨ ਦੀ ਵੋਟ ਲਈ ਰੱਖੀਆਂ ਗਈਆਂ ਅਤੇ ਪ੍ਰਵਾਨ ਹੋਈਆਂ।

**9. ਪੰਜਾਬ ਨਮਿੱਤਣ (ਨੰ:1) ਬਿਲ, 2026**

ਵਿੱਤ ਮੰਤਰੀ ਨੇ ਪੰਜਾਬ ਨਮਿੱਤਣ (ਨੰ:1) ਬਿਲ, 2026 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ਾਂ 2 ਤੋਂ 4 ਇਕੱਠੀਆਂ, ਸ਼ਡਿਊਲ, ਕਲਾਜ਼ 1 ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ ਪੰਜਾਬ ਨਮਿੱਤਣ (ਨੰ:1) ਬਿਲ, 2026 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

**10. ਸਾਲ 2026-27 ਲਈ ਬਜਟ ਅਨੁਮਾਨਾਂ ਉੱਤੇ ਮੁੜ ਬਹਿਸ ਆਰੰਭ ਕਰਨਾ**

ਸਾਲ 2026-27 ਲਈ ਬਜਟ ਅਨੁਮਾਨਾਂ ਤੇ ਮੁੜ ਬਹਿਸ ਆਰੰਭ ਕੀਤੀ ਗਈ ਅਤੇ ਨਿਮਨਲਿਖਤ ਮੈਂਬਰਾਂ ਨੇ ਬਜਟ ਅਨੁਮਾਨਾਂ ਤੇ ਆਮ ਬਹਿਸ ਵਿੱਚ ਦਰਸਾਏ ਸਮੇਂ ਅਨੁਸਾਰ ਹਿੱਸਾ ਲਿਆ:-

| | | |
|---|---|---|
| 1. | ਰਾਣਾ ਗੁਰਜੀਤ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ | 15 ਮਿੰਟ |
| 2. | ਪ੍ਰਿੰਸੀਪਲ ਬੁੱਧ ਰਾਮ, ਆਮ ਆਦਮੀ ਪਾਰਟੀ | 13 ਮਿੰਟ |
| 3. | ਸ. ਮਨਜੀਤ ਸਿੰਘ ਬਿਲਾਸਪੁਰ, ਆਮ ਆਦਮੀ ਪਾਰਟੀ | 12 ਮਿੰਟ |

**11. ਸਦਨ ਦਾ ਸਮਾਂ ਵਧਾਉਣ ਸਬੰਧੀ**

ਮਾਣਯੋਗ ਸਪੀਕਰ ਵੱਲੋਂ ਅੱਜ ਦੀ ਬੈਠਕ ਦਾ ਸਮਾਂ ਅੱਜ ਦੀ ਕਾਰਜਸੂਚੀ ਵਿੱਚ ਦਰਜ ਕੰਮ-ਕਾਰ ਦੇ ਖਤਮ ਹੋਣ ਤੱਕ ਵਧਾਇਆ ਗਿਆ।

12. <u>ਸਰਕਾਰੀ ਮਤਾ</u>

ਭਾਰਤ-ਅਮਰੀਕਾ ਵਪਾਰਕ ਸਮਝੌਤੇ ਨਾਲ ਪੰਜਾਬ ਦੀ ਖੇਤੀਬਾੜੀ ਨਾਲ ਧੋਖਾ ਮਾਮਲੇ ਤੇ ਬਹਿਸ-

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਵੱਲੋਂ ਪ੍ਰਸਤਾਵ ਕੀਤਾ ਗਿਆ ਹੇਠ ਲਿਖਿਆ ਸਰਕਾਰੀ ਮਤਾ ਪੇਸ਼ ਹੋਇਆ ਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

"ਹਾਲ ਹੀ ਵਿੱਚ ਭਾਰਤ ਦੇਸ਼ ਬਾਰੇ ਅਮਰੀਕਾ ਸਰਕਾਰ ਵੱਲੋਂ ਜਿਹੜੇ ਤਰੀਕੇ ਨਾਲ ਬਿਆਨ ਦਿੱਤੇ ਗਏ ਹਨ, ਉਹ ਬਹੁਤ ਹੀ ਚਿੰਤਾਜਨਕ ਹਨ। ਅਜਿਹਾ ਲੱਗਦਾ ਹੈ ਜਿਵੇਂ ਭਾਰਤ ਕੋਈ ਆਜ਼ਾਦ ਅਤੇ ਪ੍ਰਭੂਸੱਤਾ ਸੰਪੰਨ ਰਾਸ਼ਟਰ ਨਹੀਂ, ਸਗੋਂ ਅਮਰੀਕਾ ਦੀ ਕੋਈ ਬਸਤੀ ਹੋਵੇ।

ਪਿਛਲੇ ਕੁਝ ਦਿਨਾਂ ਵਿੱਚ ਅਮਰੀਕਾ ਸਰਕਾਰ ਦੇ ਪ੍ਰਤੀਨਿਧੀਆਂ ਨੇ ਭਾਰਤ ਦੇ ਸਬੰਧ ਵਿੱਚ ਕਈ ਅਜਿਹੇ ਬਿਆਨ ਦਿੱਤੇ ਹਨ, ਜਿਨ੍ਹਾਂ ਨਾਲ ਪੂਰੇ ਦੇਸ਼ ਦੀ ਜਨਤਾ, ਖ਼ਾਸ ਕਰਕੇ ਪੰਜਾਬ ਦੇ ਲੋਕਾਂ ਵਿੱਚ ਗਹਿਰੀ ਚਿੰਤਾ ਪੈਦਾ ਹੋਈ ਹੈ। ਕਦੇ ਇਹ ਕਿਹਾ ਜਾਂਦਾ ਹੈ ਕਿ ਭਾਰਤ ਨੂੰ ਰੂਸ ਤੋਂ ਤੇਲ ਖਰੀਦਣ ਦੀ ਇਜਾਜ਼ਤ ਕੇਵਲ ਤੀਹ ਦਿਨਾਂ ਲਈ ਦਿੱਤੀ ਗਈ ਹੈ, ਕਦੇ ਇਹ ਦਾਅਵਾ ਕੀਤਾ ਜਾਂਦਾ ਹੈ ਕਿ ਪਾਕਿਸਤਾਨ ਨਾਲ ਜੰਗਬੰਦੀ ਅਮਰੀਕਾ ਨੇ ਕਰਵਾਈ ਸੀ ਅਤੇ ਕਦੇ ਭਾਰਤ ਦੀ ਊਰਜਾ ਸਪਲਾਈ ਬਾਰੇ ਇਸ ਤਰ੍ਹਾਂ ਦੇ ਬਿਆਨ ਦਿੱਤੇ ਜਾਂਦੇ ਹਨ ਜਿਵੇਂ ਭਾਰਤ ਦੀਆਂ ਨੀਤੀਆਂ ਅਮਰੀਕਾ ਦੀ ਇਜਾਜ਼ਤ ਨਾਲ ਚੱਲਦੀਆਂ ਹੋਣ।

ਇਸ ਤੋਂ ਵੀ ਵੱਧ ਚਿੰਤਾਜਨਕ ਗੱਲ ਇਹ ਹੈ ਕਿ ਦੇਸ਼ ਦੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਨੇ ਇਨ੍ਹਾਂ ਬਿਆਨਾਂ ਦਾ ਅਜੇ ਤੱਕ ਕੋਈ ਸਪੱਸ਼ਟ ਅਤੇ ਸਖਤ ਖੰਡਨ ਨਹੀਂ ਕੀਤਾ। ਪ੍ਰਧਾਨ ਮੰਤਰੀ ਨੇ ਇੱਕ ਵਾਰ ਵੀ ਇਹ ਨਹੀਂ ਕਿਹਾ ਕਿ ਅਮਰੀਕਾ ਵੱਲੋਂ ਦਿੱਤੇ ਗਏ ਇਹ ਬਿਆਨ ਗਲਤ ਹਨ। ਨਾ ਹੀ ਉਨ੍ਹਾਂ ਨੇ ਅੰਤਰਰਾਸ਼ਟਰੀ ਮੰਚਾਂ 'ਤੇ ਭਾਰਤ ਦੀ ਪ੍ਰਭੂਸੱਤਾ ਨੂੰ ਇਸ ਤਰ੍ਹਾਂ ਕਮਜ਼ੋਰ ਦਿਖਾਉਣ ਦੀਆਂ ਕੋਸ਼ਿਸ਼ਾਂ ਦਾ ਕੋਈ ਵਿਰੋਧ ਦਰਜ ਕਰਵਾਇਆ ਹੈ।

ਪ੍ਰਧਾਨ ਮੰਤਰੀ ਦੀ ਇਸ ਚੁੱਪੀ ਅਤੇ ਕਮਜ਼ੋਰ ਰੁੱਖ ਨੂੰ ਵੇਖਦੇ ਹੋਏ ਇਹ ਸਦਨ ਇਹ ਸੰਦੇਹ ਪ੍ਰਗਟ ਕਰਦਾ ਹੈ ਕਿ ਕਿਤੇ ਇਸ ਪਿਛੋਕੜ ਵਿੱਚ ਅਮਰੀਕਾ ਨਾਲ ਖੇਤੀਬਾੜੀ ਅਤੇ ਬੀਜਾਂ ਨਾਲ ਸੰਬੰਧਿਤ ਕੋਈ ਅਜਿਹਾ ਵਪਾਰਕ ਸਮਝੌਤਾ ਤਾਂ ਨਹੀਂ ਕੀਤਾ ਜਾ ਰਿਹਾ ਜਿਸ ਵਿੱਚ ਦੇਸ਼ ਦੇ ਕਿਸਾਨਾਂ ਦੇ ਹਿੱਤਾਂ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੋਵੇ। ਇਹ ਵੀ ਸ਼ੰਕਾ ਹੈ ਕਿ ਕਿਤੇ ਕਿਸੇ ਦਬਾਅ ਹੇਠ ਆ ਕੇ ਭਾਰਤ ਸਰਕਾਰ ਨੇ ਕਿਸਾਨਾਂ ਦੇ ਹਿੱਤਾਂ ਨੂੰ ਦਾਅ 'ਤੇ ਲਗਾ ਕੇ ਅਮਰੀਕਾ ਨਾਲ ਖੇਤੀਬਾੜੀ ਵਪਾਰ ਸਮਝੌਤੇ ਦੀ ਤਿਆਰੀ ਤਾਂ ਨਹੀਂ ਕਰ ਲਈ।

ਪੰਜਾਬ ਦੀ ਅਰਥਵਿਵਸਥਾ ਦਾ ਆਧਾਰ ਉਸਦਾ ਕਿਸਾਨ ਹੈ। ਪੰਜਾਬ ਦਾ ਕਿਸਾਨ ਸਿਰਫ਼ ਉਤਪਾਦਨ ਕਰਨ ਵਾਲਾ ਨਹੀਂ, ਸਗੋਂ ਆਪਣੇ ਬੀਜ 'ਤੇ ਆਪਣੇ ਅਧਿਕਾਰ, ਆਪਣੀ ਖੇਤੀ ਦੀ ਆਜ਼ਾਦੀ ਅਤੇ ਦੇਸ਼ ਦੀ ਖਾਦ ਸੁਰੱਖਿਆ ਦਾ ਰਾਖਾ ਵੀ ਹੈ।

ਇਸ ਲਈ ਇਹ ਸਦਨ ਪੰਜਾਬ ਦੇ ਹਰ ਇੱਕ ਕਿਸਾਨ ਦੇ ਨਾਲ ਖੜ੍ਹਾ ਹੈ ਅਤੇ ਇਹ ਸਪੱਸ਼ਟ ਕਰਦਾ ਹੈ ਕਿ ਕਿਸਾਨ ਨੂੰ ਆਪਣੀ ਖੇਤੀ ਕਰਨ, ਆਪਣੇ ਬੀਜਾਂ 'ਤੇ ਅਧਿਕਾਰ ਰੱਖਣ ਅਤੇ ਆਪਣੇ ਪਰੰਪਰਾਗਤ ਖੇਤੀਬਾੜੀ ਤਰੀਕਿਆਂ ਨੂੰ ਅਪਣਾਉਣ ਦੀ ਪੂਰੀ ਆਜ਼ਾਦੀ ਮਿਲਣੀ ਚਾਹੀਦੀ ਹੈ।

ਇਹ ਸਦਨ ਭਾਰਤ ਸਰਕਾਰ ਦਾ ਧਿਆਨ ਇਸ ਵੱਲ ਵੀ ਖਿੱਚਣਾ ਚਾਹੁੰਦਾ ਹੈ ਕਿ ਜੇਕਰ ਅਮਰੀਕਾ-ਭਾਰਤ ਵਪਾਰ ਸਮਝੌਤੇ ਦੇ ਤਹਿਤ ਖਾਦ ਅਤੇ ਖੇਤੀਬਾੜੀ ਉਤਪਾਦਾਂ ਵਿੱਚ ਟੈਰਿਫ਼ ਅਤੇ ਨਾਨ-ਟੈਰਿਫ਼ ਰੁਕਾਵਟਾਂ ਨੂੰ ਹਟਾਇਆ ਜਾਂਦਾ ਹੈ ਤਾਂ ਇਸ ਦੇ ਗੰਭੀਰ ਪ੍ਰਭਾਵ ਪੰਜਾਬ ਦੀ ਖੇਤੀ ਪ੍ਰਣਾਲੀ 'ਤੇ ਪੈ ਸਕਦੇ ਹਨ।

ਖ਼ਾਸ ਤੌਰ 'ਤੇ ਇਹ ਚਿੰਤਾਵਾਂ ਸਾਹਮਣੇ ਆਈਆਂ ਹਨ:

1. ਇਸ ਨਾਲ ਫਸਲਾਂ ਦੀ ਵਿਭਿੰਨਤਾ 'ਤੇ ਨਕਾਰਾਤਮਕ ਅਸਰ ਪੈ ਸਕਦਾ ਹੈ। ਜੇਕਰ ਅਮਰੀਕਾ ਤੋਂ ਘੱਟ ਕੀਮਤ 'ਤੇ ਫੀਡ ਸਬਸਟੀਟਿਊਟ ਜਿਵੇਂ DDGS ਜਾਂ ਸੋਇਆਬੀਨ ਤੇਲ ਦਾ ਆਯਾਤ ਹੁੰਦਾ ਹੈ, ਤਾਂ ਇਸ ਨਾਲ ਮੱਕੀ ਅਤੇ ਸੋਇਆਬੀਨ ਦੀਆਂ ਕੀਮਤਾਂ 'ਤੇ ਦਬਾਅ ਪਵੇਗਾ ਜੋ ਪੰਜਾਬ ਵਿੱਚ ਚੱਲ ਰਹੇ ਫਸਲ ਵਿਭਿੰਨਤਾ ਦੇ ਯਤਨਾਂ ਨੂੰ ਕਮਜ਼ੋਰ ਕਰ ਸਕਦਾ ਹੈ।
2. ਇਸ ਦਾ ਕਪਾਹ ਖੇਤਰ 'ਤੇ ਗੰਭੀਰ ਪ੍ਰਭਾਵ ਪੈ ਸਕਦਾ ਹੈ। ਜੇਕਰ ਅਮਰੀਕਾ ਤੋਂ ਕਪਾਹ ਦਾ ਆਯਾਤ ਵਧਦਾ ਹੈ, ਤਾਂ ਖ਼ਾਸ ਕਰਕੇ ਪੰਜਾਬ ਦੇ ਮਾਲਵਾ ਖੇਤਰ ਦੇ ਕਪਾਹ ਪੈਦਾ ਕਰਨ ਵਾਲੇ ਕਿਸਾਨਾਂ ਨੂੰ ਕੀਮਤਾਂ ਵਿੱਚ ਗਿਰਾਵਟ ਦਾ ਸਾਹਮਣਾ ਕਰਨਾ ਪੈ ਸਕਦਾ ਹੈ।
3. ਜੇ ਨਾਨ-ਟੈਰਿਫ਼ ਰੁਕਾਵਟਾਂ ਵਿੱਚ ਢਿੱਲ ਦਿੱਤੀ ਜਾਂਦੀ ਹੈ, ਤਾਂ ਇਸ ਨਾਲ ਜੀਐਮਓ ਸਮੱਗਰੀ ਦੇ ਦਾਖਲੇ ਦਾ ਖ਼ਤਰਾ ਵੱਧ ਸਕਦਾ ਹੈ ਅਤੇ ਨਾਲ ਹੀ ਨਵੇਂ ਕੀੜੇ, ਪੌਦਿਆਂ ਦੀਆਂ ਬਿਮਾਰੀਆਂ ਅਤੇ ਮਾਰੂ ਘਾਹ-ਫੂਸ ਭਾਰਤ ਦੀ ਖੇਤੀ ਵਿੱਚ ਦਾਖਲ ਹੋ ਸਕਦੇ ਹਨ, ਜੋ ਪੰਜਾਬ ਦੀ ਖੇਤੀ ਲਈ ਗੰਭੀਰ ਖ਼ਤਰਾ ਬਣ ਸਕਦੇ ਹਨ।
4. ਅਮਰੀਕਾ ਦੀ ਖੇਤੀ ਪ੍ਰਣਾਲੀ ਵੱਡੇ ਖੇਤਾਂ, ਭਾਰੀ ਸਰਕਾਰੀ ਸਬਸਿਡੀ ਅਤੇ ਵੱਡੇ ਪੈਮਾਨੇ ਦੀ ਉਤਪਾਦਨ ਸਮਰੱਥਾ 'ਤੇ ਆਧਾਰਿਤ ਹੈ। ਅਜਿਹੇ ਹਾਲਾਤਾਂ ਵਿੱਚ ਉਥੋਂ ਆਉਣ ਵਾਲੇ ਸਸਤੇ ਖੇਤੀਬਾੜੀ ਉਤਪਾਦਾਂ ਨਾਲ ਪੰਜਾਬ ਦੇ ਕਿਸਾਨਾਂ ਨੂੰ ਬੇਤਰਤੀਬੇ ਮੁਕਾਬਲੇ ਦਾ ਸਾਹਮਣਾ ਕਰਨਾ ਪਵੇਗਾ।

ਇਨ੍ਹਾਂ ਸਾਰੇ ਪਹਿਲੂਆਂ 'ਤੇ ਵਿਚਾਰ ਕਰਨ ਤੋਂ ਬਾਅਦ ਇਹ ਸਦਨ ਸਪੱਸ਼ਟ ਤੌਰ 'ਤੇ ਇਹ ਮਤਾ ਪਕਾਉਂਦਾ ਹੈ ਕਿ ਕਿਸਾਨਾਂ ਦੇ ਹਿੱਤਾਂ ਨੂੰ ਨਜ਼ਰਅੰਦਾਜ਼ ਕਰਕੇ ਅਮਰੀਕਾ ਨਾਲ ਕਿਸੇ ਵੀ ਕਿਸਮ ਦਾ ਖੇਤੀਬਾੜੀ ਸਮਝੌਤਾ ਮਨਜ਼ੂਰ ਨਹੀਂ ਕੀਤਾ ਜਾ ਸਕਦਾ। ਪੰਜਾਬ ਦੀ ਵਿਧਾਨ ਸਭਾ ਇਹ ਸਪੱਸ਼ਟ ਕਰਦੀ ਹੈ ਕਿ ਕਿਸਾਨਾਂ ਦੇ ਅਧਿਕਾਰਾਂ, ਉਨ੍ਹਾਂ ਦੀ ਖੇਤੀ ਦੀ ਆਜ਼ਾਦੀ ਅਤੇ ਬੀਜਾਂ 'ਤੇ ਉਨ੍ਹਾਂ ਦੇ ਮਾਲਕੀ ਹੱਕ ਨਾਲ ਕਿਸੇ ਵੀ ਕਿਸਮ ਦਾ ਸਮਝੌਤਾ ਕਬੂਲ ਨਹੀਂ ਕੀਤਾ ਜਾਵੇਗਾ।

ਇਸ ਲਈ ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਉਹ ਭਾਰਤ ਸਰਕਾਰ ਨੂੰ ਅਪੀਲ ਕਰੇ ਕਿ ਉਹ ਕਿਸੇ ਵੀ ਕਿਸਮ ਦੇ ਅੰਤਰਰਾਸ਼ਟਰੀ ਦਬਾਅ ਵਿੱਚ ਆਏ ਬਿਨਾਂ ਦੇਸ਼ ਦੇ ਕਿਸਾਨਾਂ, ਖ਼ਾਸ ਕਰਕੇ ਪੰਜਾਬ ਦੇ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਯਕੀਨੀ ਬਣਾਏ ਅਤੇ ਬੀਜਾਂ ਤੇ ਕਿਸਾਨਾਂ ਦੇ ਮਾਲਕੀ ਹੱਕਾਂ ਦੀ ਰਾਖੀ ਯਕੀਨੀ ਬਣਾਵੇ।"

ਨਿਮਨਲਿਖਤ ਮੈਂਬਰਾਂ ਨੇ ਭਾਰਤ-ਅਮਰੀਕਾ ਵਪਾਰਕ ਸਮਝੌਤੇ ਨਾਲ ਪੰਜਾਬ ਦੀ ਖੇਤੀਬਾੜੀ ਨਾਲ ਧੋਖਾ ਮਾਮਲੇ ਤੇ ਬਹਿਸ ਵਿੱਚ ਦਰਸਾਏ ਸਮੇਂ ਅਨੁਸਾਰ ਹਿੱਸਾ ਲਿਆ:-

| | | |
|---|---|---|
| 1. | ਸ. ਪਰਗਟ ਸਿੰਘ ਪੋਆਰ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ | 06 ਮਿੰਟ |
| 2. | ਸ. ਪ੍ਰਤਾਪ ਸਿੰਘ ਬਾਜਵਾ, ਵਿਰੋਧੀ ਧਿਰ ਦੇ ਨੇਤਾ | 08 ਮਿੰਟ |
| 3. | ਸ. ਗੁਰਪ੍ਰੀਤ ਸਿੰਘ ਬਨਾਂਵਾਲੀ , ਆਮ ਆਦਮੀ ਪਾਰਟੀ | 07 ਮਿੰਟ |
| 4. | ਸ਼੍ਰੀ ਅਮਨਸ਼ੇਰ ਸਿੰਘ (ਸ਼ੈਰੀ ਕਲਸੀ), ਆਮ ਆਦਮੀ ਪਾਰਟੀ | 02 ਮਿੰਟ |
| 5. | ਸ਼੍ਰੀ ਨਰਿੰਦਰਪਾਲ ਸਿੰਘ ਸਵਨਾ, ਆਮ ਆਦਮੀ ਪਾਰਟੀ | 06 ਮਿੰਟ |
| 6. | ਸ਼੍ਰੀ ਜਗਦੀਪ ਕੰਬੋਜ ਗੋਲਡੀ, ਆਮ ਆਦਮੀ ਪਾਰਟੀ | 02 ਮਿੰਟ |
| 7. | ਸ਼੍ਰੀ ਦਿਨੇਸ਼ ਕੁਮਾਰ ਚੱਢਾ, ਆਮ ਆਦਮੀ ਪਾਰਟੀ | 09 ਮਿੰਟ |

8. ਮੁਹੰਮਦ ਜਮੀਲ ਉਰ ਰਹਿਮਾਨ, ਆਮ ਆਦਮੀ ਪਾਰਟੀ 05 ਮਿੰਟ
9. ਸ. ਕੁਲਦੀਪ ਸਿੰਘ ਧਾਲੀਵਾਲ, ਆਮ ਆਦਮੀ ਪਾਰਟੀ 09 ਮਿੰਟ
10. ਰਾਣਾ ਗੁਰਜੀਤ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ 09 ਮਿੰਟ
11. ਸ. ਸਰਵਣ ਸਿੰਘ ਧੁੰਨ, ਆਮ ਆਦਮੀ ਪਾਰਟੀ 03 ਮਿੰਟ
12. ਸਰਦਾਰ ਲਾਲਜੀਤ ਸਿੰਘ ਭੁੱਲਰ, ਟਰਾਂਸਪੋਰਟ ਮੰਤਰੀ 07 ਮਿੰਟ
13. ਸ਼੍ਰੀਮਤੀ ਇੰਦਰਜੀਤ ਕੌਰ ਮਾਨ, ਆਮ ਆਦਮੀ ਪਾਰਟੀ 03 ਮਿੰਟ
14. ਸ. ਮਨਪ੍ਰੀਤ ਸਿੰਘ ਇਆਲੀ, ਸ਼੍ਰੋਮਣੀ ਅਕਾਲੀ ਦਲ 05 ਮਿੰਟ
15. ਸਰਦਾਰ ਹਰਜੋਤ ਸਿੰਘ ਬੈਂਸ, ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਮੰਤਰੀ08 ਮਿੰਟ
16. ਸ਼੍ਰੀ ਅਮਨ ਅਰੋੜਾ, ਨਵ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ 10 ਮਿੰਟ
17. ਡਾ. ਨਛੱਤਰ ਪਾਲ, ਬਹੁਜਨ ਸਮਾਜ ਪਾਰਟੀ 02 ਮਿੰਟ
18. ਸ. ਹਰਪਾਲ ਸਿੰਘ ਚੀਮਾ, ਵਿੱਤ ਮੰਤਰੀ 07 ਮਿੰਟ

ਸ਼੍ਰੀ ਭਗਵੰਤ ਮਾਨ, ਮੁੱਖ ਮੰਤਰੀ ਭਾਰਤ-ਅਮਰੀਕਾ ਵਪਾਰਕ ਸਮਝੌਤੇ ਨਾਲ ਪੰਜਾਬ ਦੀ ਖੇਤੀਬਾੜੀ ਨਾਲ ਧੋਖਾ ਮਾਮਲੇ ਤੇ ਪੇਸ਼ ਕੀਤੇ ਗਏ ਸਰਕਾਰੀ ਮਤੇ ਤੇ ਬਹਿਸ ਦਾ ਜਵਾਬ ਦਿੰਦੇ ਹੋਏ 31 ਮਿੰਟਾਂ ਲਈ ਬੋਲੇ।

ਉਪਰੰਤ, ਸਦਨ ਬੁੱਧਵਾਰ ਮਿਤੀ 11 ਮਾਰਚ, 2026 ਨੂੰ 10.00 ਵਜੇ ਪੂਰਵ ਦੁਪਹਿਰ ਤੱਕ ਸਥੱਗਿਤ ਹੋ ਗਿਆ।

**ਚੰਡੀਗੜ੍ਹ**
**10 ਮਾਰਚ, 2026**

**ਰਾਮ ਲੋਕ ਖਟਾਣਾ**
**ਸਕੱਤਰ**